# ਦਫਤਰ ਨਗਰ ਨਿਗਮ ਫਗਵਾੜਾ
**OFFICE OF THE MUNICIPAL CORPORATION PHAGWARA**

TOWN HALL PARK, PHAGWARA-144401

Office: 01824-260426

Website: www.mcphagwara.co.in Email: cmcphagwara123@gmail.com


ਸੇਵਾ ਵਿਖੇ,

ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਚੰਡੀਗੜ੍ਹ।

ਨੰਬਰ: ...1089.....  ਮਿਤੀ: ...13/4/23

ਵਿਸ਼ਾ:- **ਕਮਿਸ਼ਨਰ, ਨਗਰ ਨਿਗਮ ਫਗਵਾੜਾ ਜੀ ਵੱਲੋਂ ਮਿਤੀ 13/04/2023 ਨੂੰ ਪਾਸ ਕੀਤੇ ਗਏ ਹੁਕਮਾਂ ਦੀ ਨਕਲ ਸੂਚਨਾ ਹਿੱਤ ਭੇਜਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਵੱਲੋਂ ਪਾਸ ਕੀਤੇ ਗਏ ਹੁਕਮ ਨੰ:26, ਮਿਤੀ 13/04/2023 ਦੀ ਨਕਲ ਆਪ ਜੀ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ ਜੀ।

ਨੱਥੀ:- ਉਕਤ ਅਨੁਸਾਰ

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

ਪਿੱਠ ਅੰਕਣ ਨੰ: 1090 - 1093  ਮਿਤੀ: 13/4/23

ਉਪਰੋਕਤ ਦਾ ਇੱਕ ਉਤਾਰਾ:-

1. ਮਾਨਯੋਗ ਡਵੀਜ਼ਨਲ ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਜੀ ਨੂੰ ਸੂਚਨਾਂ ਹਿੱਤ।
2. ਮਾਨਯੋਗ ਡਿਪਟੀ ਕਮਿਸ਼ਨਰ,ਕਪੂਰਥਲਾ ਜੀ ਨੂੰ ਸੂਚਨਾਂ ਹਿੱਤ।
3. ਮਾਨਯੋਗ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਨੂੰ ਸੂਚਨਾਂ ਹਿੱਤ।
4. ਸਬੰਧਤ ਅਧਿਕਾਰੀ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426 Fax: 01824-223260
Website: www.mcphagwara.com Email: comm.mcpgr@punjab.gov.in


ਮਿਤੀ 13-04-2023 ਨੂੰ ਡਾਂ. ਨਯਨ ਪੀ.ਸੀ.ਐਸ. ਕਮਿਸ਼ਨਰ ਨਗਰ ਨਿਗਮ ਫਗਵਾੜਾ ਵੱਲੋ ਹੇਠ ਲਿਖੇ ਅਨੁਸਾਰ ਪ੍ਰਸ਼ਾਸਕੀ ਹੁਕਮ ਪਾਸ ਕੀਤੇ ਗਏ।

| ਲੜੀ ਨੰ. | ਮਤਾ ਨੰ. ਅਤੇ ਮਿਤੀ | ਮਤੇ ਦਾ ਵੇਰਵਾ | ਕਿਰਪਾ ਕਰਕੇ ਸੁਨਿਸ਼ਚਿਤ ਕੀਤਾ ਜਾਵੇ ਕਿ ਮਿਤੀ 10.10.2022 ਰਾਹੀਂ ਪਾਸ ਕੀਤੇ ਗਏ ਨਿਰਦੇਸ਼ ਦੇ ਕਿਸ ਪੁਆਇੰਟ ਤਹਿਤ ਇਹ ਮਤਾ ਦੀ ਤਜਵੀਜ ਕੀਤੀ ਗਈ ਹੈ। | ਕਮਿਸ਼ਨਰ/ਕਾਰਜ ਸਾਧਕ ਅਫਸਰ ਦੁਆਰਾ ਕੀਤੀ ਗਈ ਟਿੱਪਣੀ |
|---|---|---|---|---|
| 1 | 26, 13-04-2023 | ਰਿਪੋਰਟ ਵੱਲੋ ਨਿਗਰਾਨ ਇੰਜੀਨੀਅਰ, ਨਗਰ ਨਿਗਮ ਫਗਵਾੜਾ ਕਿ ਫਗਵਾੜਾ ਸ਼ਹਿਰ ਦੇ ਵੱਖ-ਵੱਖ ਇਲਾਕਿਆ ਦੇ ਸੀਵਰ ਨੂੰ ਸੁਪਰ-ਸੱਕਰ ਮਸ਼ੀਨ ਨਾਲ ਸਾਫ ਕਰਣ ਸਬੰਧੀ ਆਪ ਜੀ ਦੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਕਿ ਓ ਐਡ ਐਮ ਦਾ ਕੰਮ ਮਹਿਕਮਾ ਪੰਜਾਬ ਵ/ਸ ਅਤੇ ਸੀਵਰੇਜ ਬੋਰਡ ਦੇ ਸਪੁਰਦ ਹੋਣ ਕਰਕੇ ਉਪ ਮੰਡਲ ਇੰਜੀਨੀਅਰ, ਪੰਜਾਬ ਵ/ਸ ਅਤੇ ਸੀਵਰੇਜ ਉਪ ਮੰਡਲ ਨੰ: 2, ਫਗਵਾੜਾ ਜੀ ਵੱਲੋ ਪੱਤਰ ਨੰ: 33 ਮਿਤੀ 31-01-2023 ਰਾਹੀ ਲਿਖਿਆ ਗਿਆ ਹੈ ਕਿ ਸ਼ਹਿਰ ਫਗਵਾੜਾ ਦੇ ਵੱਖ ਵੱਖ ਇਲਾਕਿਆ ਵਿੱਚ ਮੇਨ ਸੀਵਰ ਲਾਈਨਾ ਦੀ ਸਫਾਈ ਸੁਪਰ-ਸੱਕਰ ਮਸ਼ੀਨ ਨਾਲ ਕਰਾਈ ਜਾਣੀ ਲੋੜੀਂਦੀ ਹੈ। ਇਹਨਾਂ ਸੀਵਰ ਲਾਈਨਾ ਦੀ ਬਹੁੱਤ ਸਾਲਾ ਤੋ ਸਫਾਈ ਨਹੀ ਹੋਈ ਹੈ। ਇਹਨਾਂ ਸੀਵਰ ਲਾਈਨਾ ਦੀ ਡੂੰਘਾਈ 10 ਫੁੱਟ ਤੋ ਜਿਆਦਾ ਹੋਣ ਕਾਰਣ ਇਹਨਾਂ ਸੀਵਰ ਲਾਈਨਾ ਦੀ ਸਫਾਈ ਬਿਨਾ ਸੁਪਰ-ਸੱਕਰ ਮਸ਼ੀਨ ਨਾਲ ਕਰਨੀ ਮੁਸ਼ਕਲ ਹੈ। ਇਸ ਕਰਕੇ ਇਹਨਾਂ ਸੀਵਰ ਲਾਈਨਾ ਦੀ ਸੁਪਰ-ਸੱਕਰ ਮਸ਼ੀਨ ਨਾਲ ਸਫਾਈ ਕਰਨ ਲਈ ਨਗਰ ਨਿਗਮ ਜਲੰਧਰ ਅਤੇ ਲੁਧਿਆਨਾ ਵਿੱਖੇ ਚੱਲ ਰਹੇ ਕੰਮਾਂ ਦੇ ਰੇਟ ਅਨੁਸਾਰ ਤਖਮੀਨਾ ਤਿਆਰ ਕਰ ਲਿਆ ਗਿਆ ਹੈ। ਇਹ ਰੇਟ ਪੰਜਾਬ ਸਰਕਾਰ ਵੱਲੋ ਪ੍ਰਮਾਣਤ ਹਨ। ਤਖਮੀਨੇ ਮੁਤਾਬਕ ਉਕਤ ਕੰਮ ਨੂੰ ਕਰਾਉਣ ਲਈ ਲਗਭਗ 42.31 ਲੱਖ ਰੁ: ਦਾ ਖਰਚ ਆਉਣ ਦੀ ਸੰਭਾਵਨਾ ਹੈ। ਉਕਤ ਕੰਮ ਦਫਤਰ ਨਗਰ ਨਿਗਮ ਵੱਲੋ ਟੈਂਡਰ ਰਾਹੀ ਕਰਾਇਆ ਜਾਣਾ ਹੈ।ਉਕਤ ਕੰਮ ਨੂੰ ਕਰਵਾਉਣ ਲਈ ਹਾਉਸ ਦੀ ਪ੍ਰਵਾਨਗੀ ਲੋੜੀਂਦੀ ਹੈ।<br>ਇੱਥੇ ਇਹ ਦੱਸਣਯੋਗ ਹੈ ਕਿ ਸਥਾਨਕ ਸਰਕਾਰ ਵਿਭਾਗ, ਪੰਜਾਬ ਵੱਲੋ ਜਾਰੀ ਨੋਟੀਫਿਕੇਸ਼ਨ ਨੰ: 5/71/2017/MEO/DA/334 ਮਿਤੀ 23/03/2020 ਰਾਹੀ ਹਾਉਸ ਦੀਆ ਸਾਰੀਆਂ ਸ਼ਕਤੀਆਂ ਕਮਿਸ਼ਨਰ ਨਗਰ ਨਿਗਮ ਜੀ ਨੂੰ ਦਿੱਤੀਆ ਗਈਆ ਹਨ। ਇਸ ਲਈ ਨਗਰ ਨਿਗਮ ਫਗਵਾੜਾ ਵਿਖੇ ਮਤਿਆ ਸਬੰਧੀ ਮਾਨਯੋਗ ਕਮਿਸ਼ਨਰ, ਨਗਰ ਨਿਗਮ ਫਗਵਾੜਾ ਜੀ ਦੇ ਹੁਕਮ ਨੰ: 4105 ਮਿਤੀ 13-12-2022 ਰਾਹੀ ਬਣਾਈ ਗਈ Resolution Committee ਵੱਲੋ ਉਕਤ ਸਬੰਧੀ ਮਤਾ ਪਾਉਣ ਲਈ ਦਿੱਤੀ ਗਈ ਪ੍ਰਵਾਨਗੀ ਉਪਰੰਤ ਰਿਪੋਰਟ ਪ੍ਰਸ਼ਾਸਕੀ ਪ੍ਰਵਾਨਗੀ ਹਿੱਤ ਪੇਸ਼ ਹੈ। | ------ | ਸੂਚਨਾ ਹਿੱਤ। |

ਤਸਦੀਕੀ ਕਾਪੀ

ਅਜੰਡਾ ਸੁਪਰਡੰਟ,
ਨਗਰ ਨਿਗਮ,ਫਗਵਾੜਾ